# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20 Pm**

**ਮਿਤੀ: 09-04-2024**

- ਚੋਣ ਕਮਿਸ਼ਨ ਨੇ ਕਿਹਾ ਏ, ਕਿ 13 ਸੂਬਿਆਂ ਤੇ ਕੇਂਦਰ ਸ਼ਾਸਿਤ ਪ੍ਰਦੇਸ਼ਾਂ ਵਿੱਚ, ਲੋਕ ਸਭਾ ਚੋਣਾਂ ਦੇ ਦੂਜੇ ਪੜਾਅ ਲਈ, ਇੱਕ ਹਜ਼ਾਰ 210 ਉਮੀਦਵਾਰ ਮੈਦਾਨ ਵਿੱਚ ਨੇ।
- ਆਦਰਸ਼ ਚੋਣ ਜ਼ਾਬਤੇ ਦੀ ਉਲੰਘਣਾ ਦੇ ਮਾਮਲੇ ਵਿੱਚ, ਸਖ਼ਤ ਕਾਰਵਾਈ ਕਰਦਿਆਂ ਪਟਿਆਲਾ ਪੁਲਿਸ ਨੇ 2 ਸਿਨੇਮਾ ਘਰਾਂ ਦੇ ਮਾਲਕਾਂ ਤੇ ਪ੍ਰਬੰਧਕਾਂ ਖ਼ਿਲਾਫ਼ ਮਾਮਲਾ ਦਰਜ ਕੀਤਾ।
- ਚੇਤ ਦੇ ਨਰਾਤਿਆਂ ਮੌਕੇ, ਮੰਦਰਾਂ ਵਿਚ ਤੜਕਸਾਰ ਤੋਂ ਹੀ ਲੱਗੀਆਂ ਰਹੀਆਂ ਸ਼ਰਧਾਲੂਆਂ ਦੀਆਂ ਕਤਾਰਾਂ, ਨਵ ਸੰਵਤ ਸ਼ੁਰੂ ਹੋਣ ਤੇ ਕਈ ਸਮਾਜਿਕ ਜਥੇਬੰਦੀਆਂ ਨੇ ਕਰਵਾਏ ਧਾਰਮਿਕ ਸਮਾਗਮ।

- ਪੰਜਾਬ ਕਿੰਗਜ਼ ਇਲੈਵਨ ਤੇ ਸਨ ਰਾਇਜਰਸ ਹੈਦਰਾਬਾਦ ਵਿਚਾਲੇ, IPL ਦਾ ਇਕ ਮੈਚ ਅੱਜ ਸ਼ਾਮ ਮੋਹਾਲੀ ਦੇ ਪੰਜਾਬ ਕ੍ਰਿਕਟ ਐਸੋਸੀਏਸ਼ਨ ਗਰਾਉਂਡ ਵਿਚ ਖੇਡਿਆ ਜਾਵੇਗਾ।

---------------------------------------------

ਚੋਣ ਕਮਿਸ਼ਨ ਨੇ ਕਿਹਾ ਏ, ਕਿ 13 ਸੂਬਿਆਂ ਤੇ ਕੇਂਦਰ ਸ਼ਾਸਿਤ ਪ੍ਰਦੇਸ਼ਾਂ ਵਿੱਚ ਲੋਕ ਸਭਾ ਚੋਣਾਂ ਦੇ ਦੂਜੇ ਪੜਾਅ ਲਈ, ਇੱਕ ਹਜ਼ਾਰ 210 ਉਮੀਦਵਾਰ ਮੈਦਾਨ ਵਿੱਚ ਨੇ । 88 ਹਲਕਿਆਂ ਲਈ ਕੁੱਲ 2 ਹਜ਼ਾਰ 633 ਨਾਮਜ਼ਦਗੀਆਂ ਦਾਖ਼ਲ ਹੋਈਆਂ ਸਨ। ਪੜਤਾਲ ਉਪਰੰਤ 1428 ਨਾਮਜ਼ਦਗੀਆਂ ਜਾਇਜ਼ ਪਾਈਆਂ ਗਈਆਂ । ਕੱਲ੍ਹ ਉਮੀਦਵਾਰੀ ਵਾਪਸ ਲੈਣ ਦੀ ਆਖਰੀ ਤਰੀਕ ਸੀ। ਇਸ ਪੜਾਅ ਲਈ ਵੋਟਿੰਗ 26 ਅਪ੍ਰੈਲ ਨੂੰ ਹੋਵੇਗੀ । ਦੂਜੇ ਪੜਾਅ ਵਿੱਚ ਕੇਰਲ ਵਿੱਚ 20 ਸੰਸਦੀ ਹਲਕਿਆਂ ਤੋਂ ਸਭ ਤੋਂ ਵੱਧ 500 ਨਾਮਜ਼ਦਗੀਆਂ ਨੇ, ਇਸ ਤੋਂ ਬਾਅਦ ਕਰਨਾਟਕ ਦੇ 14 ਹਲਕਿਆਂ ਤੋਂ 491 ਨਾਮਜ਼ਦਗੀਆਂ ਨੇ । ਤ੍ਰਿਪੁਰਾ ਦੇ ਇੱਕ ਹਲਕੇ ਤੋਂ 14 ਨਾਮਜ਼ਦਗੀਆਂ ਪ੍ਰਾਪਤ ਹੋਈਆਂ ਨੇ। ਮਹਾਰਾਸ਼ਟਰ ਦੇ ਨਾਂਦੇੜ

ਸੰਸਦੀ ਹਲਕੇ ਲਈ, ਸਭ ਤੋਂ ਵੱਧ 92 ਨਾਮਜ਼ਦਗੀਆਂ ਦਾਖ਼ਲ ਕੀਤੀਆਂ ਗਈਆਂ ਨੇ।

---

ਆਦਰਸ਼ ਚੋਣ ਜ਼ਾਬਤੇ ਦੀ ਉਲੰਘਣਾ ਦੇ ਮਾਮਲੇ ਵਿੱਚ ਸਖ਼ਤ ਕਾਰਵਾਈ ਕਰਦੇ ਹੋਏ, ਪਟਿਆਲਾ ਪੁਲਿਸ ਨੇ ਮੀਡੀਆ ਸਰਟੀਫਿਕੇਸ਼ਨ ਅਤੇ ਮਾਨੀਟਰਿੰਗ ਕਮੇਟੀ MCMC ਪਟਿਆਲਾ ਦੀਆਂ ਸਿਫ਼ਾਰਸ਼ਾਂ 'ਤੇ ਪ੍ਰਾਈਮ ਸਿਨੇਮਾ ਦੇ ਮਾਲਕ, ਪ੍ਰਬੰਧਕਾਂ ਅਤੇ ਕਿਊਬ ਸਿਨੇਮਾ ਦੇ ਇੰਚਾਰਜ ਖ਼ਿਲਾਫ਼ ਮਾਮਲਾ ਦਰਜ ਕੀਤਾ ਏ। ਇਸ ਸਬੰਧੀ ਵਧੇਰੇ ਜਾਣਕਾਰੀ ਦਿੰਦਿਆਂ ਮੁੱਖ ਚੋਣ ਅਧਿਕਾਰੀ ਸਿਬਿਨ ਸੀ ਨੇ ਚੰਡੀਗੜ੍ਹ ਵਿਚ ਦੱਸਿਆ ਕਿ ਉਨ੍ਹਾਂ ਦੇ ਦਫ਼ਤਰ ਨੂੰ, ਇੱਕ ਆਰ.ਟੀ.ਆਈ. ਕਾਰਕੁਨ ਵੱਲੋਂ 6 ਅਪ੍ਰੈਲ ਨੂੰ ਚੋਣ ਜ਼ਾਬਤੇ ਦੀ ਉਲੰਘਣਾ ਕਰਨ ਦੀ ਸ਼ਿਕਾਇਤ ਪ੍ਰਾਪਤ ਹੋਈ ਸੀ, ਜਿਸ ਵਿੱਚ ਦੱਸਿਆ ਗਿਆ ਸੀ ਕਿ ਸੂਬੇ ਭਰ ਦੇ ਸਿਨੇਮਾਘਰਾਂ 'ਚ, ਪੰਜਾਬ ਸਰਕਾਰ ਦੇ ਲੋਗੋ ਅਤੇ ਮੁੱਖ ਮੰਤਰੀ ਦੀ ਮੌਜੂਦਗੀ ਵਾਲੇ ਪ੍ਰਚਾਰ ਵੀਡੀਓ ਇਸ਼ਤਿਹਾਰ ਵਜੋਂ ਦਿਖਾਏ ਜਾ ਰਹੇ ਨੇ। ਇਸ ਸ਼ਿਕਾਇਤ ਦਾ ਤੁਰੰਤ ਨੋਟਿਸ ਲੈਂਦਿਆਂ, ਮੁੱਖ ਚੋਣ ਅਧਿਕਾਰੀ ਨੇ

ਡਿਪਟੀ ਕਮਿਸ਼ਨਰ ਪਟਿਆਲਾ, ਸਕੱਤਰ ਲੋਕ ਸੰਪਰਕ ਵਿਭਾਗ ਤੋਂ ਇਲਾਵਾ ਸੂਬੇ ਦੇ ਸਾਰੇ ਡਿਪਟੀ ਕਮਿਸ਼ਨਰਾਂ ਤੇ ਜਿਲ੍ਹਾ ਚੋਣ ਅਧਿਕਾਰੀਆਂ ਤੋਂ ਕਿਸੇ ਵੀ ਸਿਨੇਮਾਘਰ ਵਿੱਚ ਅਜਿਹੇ ਸਰਕਾਰੀ ਇਸ਼ਤਿਹਾਰਾਂ ਦੇ ਪ੍ਰਸਾਰਣ ਦੀ ਸਥਿਤੀ ਦਾ ਪਤਾ ਲਗਾਉਣ ਲਈ ਰਿਪੋਰਟ ਮੰਗੀ ਗਈ ਸੀ। ਸਿਬਿਨ ਸੀ ਨੇ ਦੱਸਿਆ ਕਿ ਇਸ ਤੋਂ ਬਾਅਦ ਪ੍ਰਾਈਮ ਸਿਨੇਮਾ ਰਾਜਪੁਰਾ ਦੇ ਮੈਨੇਜਰ ਪਰਮਜੀਤ ਸਿੰਘ ਨੂੰ ਨੋਟਿਸ ਜਾਰੀ ਕੀਤਾ ਗਿਆ ਅਤੇ ਨਾਲ ਹੀ ਫਲਾਇੰਗ ਸਕੁਐਡ ਨੇ ਇਸ ਸਿਨੇਮਾ ਦਾ ਦੌਰਾ ਕੀਤਾ। ਸਿਨੇਮਾਘਰ ਵਿੱਚ ਇਸ਼ਤਿਹਾਰਾਂ ਦੇ ਪ੍ਰਸਾਰਣ ਨਾਲ ਸਬੰਧਤ ਮਾਮਲਾ ਹੋਣ ਕਰਕੇ ਇਸ ਨੂੰ MCMC ਪਟਿਆਲਾ ਦੇ ਸਾਹਮਣੇ ਰੱਖਿਆ ਗਿਆ। MCMC ਪਟਿਆਲਾ ਦੀਆਂ ਸਿਫ਼ਾਰਸ਼ਾਂ ਅਨੁਸਾਰ, ਪਟਿਆਲਾ ਪੁਲਿਸ ਨੇ 8 ਅਪ੍ਰੈਲ ਨੂੰ ਭਾਰਤੀ ਦੰਡ ਸੰਘਤਾ IPC ਦੀ ਧਾਰਾ 188 ਅਤੇ 177 ਤਹਿਤ ਪ੍ਰਾਈਮ ਸਿਨੇਮਾ ਦੇ ਮਾਲਕ ਤੇ ਪ੍ਰਬੰਧਕਾਂ ਅਤੇ ਕਿਊਬ ਸਿਨੇਮਾ ਦੇ ਨੁਮਾਇੰਦਿਆਂ, ਪ੍ਰਬੰਧਕ, ਇੰਚਾਰਜ ਖਿਲਾਫ ਆਈ.ਪੀ.ਸੀ ਦੀ ਧਾਰਾ 188 ਤਹਿਤ ਪਰਚਾ ਦਰਜ ਕੀਤਾ ਏ। ਸਿਬਿਨ ਸੀ ਨੇ ਦੱਸਿਆ

ਕਿ ਬਾਕੀ 22 ਜ਼ਿਲ੍ਹਿਆਂ ਤੋਂ ਪ੍ਰਾਪਤ ਰਿਪੋਰਟਾਂ ਅਨੁਸਾਰ ਕਿਸੇ ਹੋਰ ਹਿੱਸੇ ਤੋਂ ਅਜਿਹੀ ਕੋਈ ਘਟਨਾ ਸਾਹਮਣੇ ਨਹੀਂ ਆਈ ਏ।

-------------------------------------------------------

ਇਸ ਦੌਰਾਨ ਆਮ ਆਦਮੀ ਪਾਰਟੀ ਦੇ ਇਕ ਵਫਦ ਨੇ, ਹਰਪਾਲ ਸਿੰਘ ਚੀਮਾ ਦੀ ਅਗਵਾਈ ਹੇਠ ਚੰਡੀਗੜ੍ਹ ਸਥਿਤ ਪੰਜਾਬ ਦੇ ਮੁੱਖ ਚੋਣ ਅਫ਼ਸਰ ਦੇ ਦਫ਼ਤਰ ਵਿਖੇ, ਅਧਿਕਾਰਤ ਤੌਰ 'ਤੇ ਦਰਜ ਕਰਵਾਈ ਇਕ ਸ਼ਿਕਾਇਤ ਵਿਚ, ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਤੇ ਚੋਣ ਪ੍ਰਚਾਰ ਮੁਹਿੰਮ ਵਿੱਚ ਚੋਣ ਕਮਿਸ਼ਨ ਦੀਆਂ ਹਦਾਇਤਾਂ ਦੀ ਉਲੰਘਣਾ ਦਾ ਦੋਸ਼ ਲਗਾਇਆ ਗਿਆ ਏ। ਉਨਾਂ ਕਿਹਾ ਕਿ ਸੁਖਬੀਰ ਸਿੰਘ ਬਾਦਲ ਨੇ, ਆਪਣੀ ਪੰਜਾਬ ਬਚਾਓ ਯਾਤਰਾ ਦੌਰਾਨ, ਆਪਣੀ ਚੋਣ ਮੁਹਿੰਮ ਲਈ ਬੀਤੇ 6 ਅਪ੍ਰੈਲ ਨੂੰ ਇੱਕ ਬੱਚੇ ਦੀ ਵਰਤੋਂ ਕੀਤੀ ਏ ਜਦੋਂ ਉਨਾਂ ਇੱਕ ਬੱਚੇ ਨੂੰ ਸ਼੍ਰੋਮਣੀ ਅਕਾਲੀ ਦਲ ਦੇ ਹੱਕ ਵਿਚ ਨਾਅਰੇ ਲਗਾਉਣ ਤੇ ਵੋਟ ਪਾਉਣ ਦੇ ਨਾਰੇ ਲਾਉਣ ਲਈ ਕਿਹਾ। ਵਫਦ ਨੇ ਘਟਨਾ ਦੇ ਵੀਡੀਓਗ੍ਰਾਫ਼ ਕੀਤੇ ਸਬੂਤ ਵੀ ਸੌਂਪੇ ਨੇ ਅਤੇ ਇਸ ਦੀ ਕਾਪੀ ਭਾਰਤ ਚੋਣ ਕਮਿਸ਼ਨ ਨੂੰ ਵੀ ਭੇਜੀ ਏ।

---------------------------------------------------------------

ਫਰੀਦਕੋਟ ਡਵੀਜ਼ਨ ਦੇ ਡਵੀਜਨਲ ਕਮਿਸ਼ਨਰ ਅਜੀਤ ਬਾਲਾਜੀ ਜੋਸ਼ੀ ਨੇ, ਜਿਲ੍ਹਾ ਫਰੀਦਕੋਟ, ਬਠਿੰਡਾ ਅਤੇ ਮਾਨਸਾ ਦੇ ਅਧਿਕਾਰੀਆਂ ਨਾਲ, ਅੱਜ ਫਰੀਦਕੋਟ ਵਿਖੇ ਇਕ ਮੀਟਿੰਗ ਕੀਤੀ । ਫਰੀਦਕੋਟ ਪਹੁੰਚਣ ਤੇ ਪੁਲਿਸ ਦੀ ਇਕ ਟੁੱਕੜੀ ਨੇ ਅਜੀਤ ਬਾਲਾਜੀ ਜੋਸ਼ੀ ਨੂੰ ਗਾਰਡ ਆਫ ਆਨਰ ਦਿੱਤਾ। ਫਰੀਦਕੋਟ ਜ਼ਿਲੇ ਦੇ ਡਿਪਟੀ ਕਮਿਸ਼ਨਰ ਵਿਨੀਤ ਕੁਮਾਰ, ਬਠਿੰਡਾ ਦੇ ਡਿਪਟੀ ਕਮਿਸ਼ਨਰ ਜਸਪ੍ਰੀਤ ਸਿੰਘ, ਮਾਨਸਾ ਦੇ ਡਿਪਟੀ ਕਮਿਸ਼ਨਰ ਪਰਮਵੀਰ ਸਿੰਘ ਅਤੇ ਫ਼ਰੀਦਕੋਟ ਦੇ ਐਸ.ਐਸ.ਪੀ ਹਰਜੀਤ ਸਿੰਘ ਵਿਸ਼ੇਸ਼ ਤੌਰ ਤੇ ਹਾਜ਼ਰ ਰਹੇ। ਇਸ ਮੌਕੇ ਅਜੀਤ ਬਾਲਾਜੀ ਜੋਸ਼ੀ ਨੇ ਮੁਆਵਜੇ ਦੇ ਮਾਮਲੇ, ਮਾਲ ਮਹਿਕਮੇ ਨਾਲ ਸਬੰਧਤ ਤੇ ਹੋਰ ਹੋਣ ਵਾਲੇ ਕਾਰਜਾਂ ਸਬੰਧੀ ਵੀ ਜਾਣਕਾਰੀ ਪ੍ਰਾਪਤ ਕੀਤੀ ਅਤੇ ਕਿਹਾ ਕਿ ਚੋਣਾਂ ਸਬੰਧੀ ਲੋਕਾਂ ਨੂੰ ਕਿਸੇ ਵੀ ਕਿਸਮ ਦੀ ਕੋਈ ਦਿੱਕਤ ਪੇਸ਼ ਨਹੀਂ ਆਉਣ ਦਿੱਤੀ ਜਾਵੇਗੀ। ਉਨ੍ਹਾਂ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਚੋਣਾਂ ਵਾਲੇ ਦਿਨ ਪੋਲਿੰਗ ਬੂਥਾਂ ਤੇ ਪਾਣੀ ਅਤੇ ਛਾਂ ਦਾ ਖਾਸ ਪ੍ਰਬੰਧ ਕੀਤਾ ਜਾਵੇ। ਉਨ੍ਹਾਂ ਨਹਿਰੀ ਵਿਭਾਗ ਨੂੰ

ਸੁਚੇਤ ਰਹਿਣ ਦੀ ਹਦਾਇਤ ਕੀਤੀ ਅਤੇ ਫਲੱਡ ਕੰਟਰੋਲ ਰੂਮ ਸਬੰਧੀ ਵੀ ਜਾਇਜ਼ਾ ਲਿਆ। ਉਨ੍ਹਾਂ ਕਿਹਾ ਕਿ ਲੋਕਤੰਤਰ ਦੀ ਮਜ਼ਬੂਤੀ ਲਈ ਆਦਰਸ਼ ਚੋਣ ਜ਼ਾਬਤੇ ਦੀ ਪਾਲਣਾ ਕਰਨ ਦੇ ਨਾਲ-ਨਾਲ ਅਤੇ ਚੋਣ ਕਮਿਸ਼ਨ ਦੀਆਂ ਹਦਾਇਤਾਂ ਦੀ ਇੰਨ ਬਿੰਨ ਪਾਲਣਾ ਕੀਤੀ ਜਾਵੇ। ਅਜੀਤ ਬਾਲਾਜੀ ਜੋਸ਼ੀ ਨੇ ਲੋਕਾਂ ਨੂੰ ਵੋਟ ਦੇ ਅਧਿਕਾਰ ਦੀ ਵਰਤੋਂ ਕਰਨ ਦੀ ਅਪੀਲ ਕੀਤੀ।

---------------------------------------------------------------

ਚੇਤ ਦੇ ਨਰਾਤੇ ਅੱਜ ਤੋਂ ਸ਼ੁਰੂ ਹੋ ਗਏ ਨੇ। ਇਸ ਦੇ ਨਾਲ ਹੀ ਨਵੇਂ ਵਿਕ੍ਰਮੀ ਸੰਵਤ 2081 ਦੀ ਸ਼ੁਰੂਆਤ ਵੀ ਹੋ ਗਈ ਏ। ਦੇਸ਼ ਦੇ ਹੋਰਨਾਂ ਹਿੱਸਿਆਂ ਵਾਂਗ ਪੰਜਾਬ ਵਿਚ ਵੀ ਨਰਾਤਿਆਂ ਦੇ ਇਸ ਤਿਉਹਾਰ ਨੂੰ ਲੈ ਕੇ ਲੋਕਾਂ ਵਿਚ ਭਾਰੀ ਉਤਸ਼ਾਹ ਤੇ ਜੋਸ਼ ਏ। ਜਲੰਧਰ ਸਮੇਤ ਸੂਬੇ ਦੇ ਵੱਖ ਵੱਖ ਮੰਦਰਾਂ ਵਿਚ ਤੜਕਸਾਰ ਤੋਂ ਹੀ ਸ਼ਰਧਾਲੂਆਂ ਦੀਆਂ ਕਤਾਰਾਂ ਵੇਖਣ ਨੂੰ ਮਿਲੀਆਂ। ਸ਼ਰਧਾਲੂ ਪੂਰੀ ਸ਼ਰਧਾ ਨਾਲ ਮੰਦਰਾਂ ਵਿਚ ਨਤ ਮਸਤਕ ਹੋ ਰਹੇ ਨੇ। ਇਸ ਮੌਕੇ ਤੇ ਸੁਰੱਖਿਆ ਦੇ ਵੀ ਸਖਤ ਇੰਤਜਾਮ ਕੀਤੇ ਗਏ ਨੇ।

ਵੇਰਵੇ ਨਾਲ ਇਹ ਰਿਪੋਰਟ: ਚੇਤ ਮਹੀਨੇ ਦੇ ਨਰਾਤਿਆਂ ਅਤੇ ਨਵੇਂ ਵਿਕ੍ਰਮੀ ਸੰਵਤ ਦੀ ਸ਼ੁਰੂਆਤ ਦੇ ਮੌਕੇ ਤੇ ਸੂਬੇ ਦੇ ਵੱਖ-ਵੱਖ ਮੰਦਿਰਾਂ ਵਿਚ ਤੜਕਸਾਰ ਤੋਂ ਹੀ ਸ਼ਰਧਾਲੂਆਂ ਦੀ ਭਾਰੀ ਭੀੜ ਦੇਖਣ ਨੂੰ ਮਿਲ ਰਹੀ ਏ। ਅੰਮ੍ਰਿਤਸਰ ਦੇ ਸ਼੍ਰੀ ਦੁਰਗਿਆਣਾ ਮੰਦਰ, ਪਟਿਆਲਾ ਦੇ ਮਾਤਾ ਸ਼੍ਰੀ ਕਾਲੀਦੇਵੀ ਮੰਦਰ ਅਤੇ ਜਲੰਧਰ ਦੇ ਸ਼੍ਰੀ ਦੇਵੀ ਤਾਲਾਬ ਮੰਦਿਰ ਸਮੇਤ ਸੂਬੇ ਦੇ ਹੋਰ ਸਾਰੇ ਛੋਟੇ-ਵੱਡੇ ਮੰਦਰਾਂ ਵਿੱਚ ਮੌਜੂਦ ਸ਼ਰਧਾਲੂਆਂ ਵਿਚ ਭਾਰੀ ਉਤਸ਼ਾਹ ਏ। ਸ਼ਰਧਾਲੂ ਪੂਰੀ ਸ਼ਰਧਾ ਨਾਲ ਮਾਂ ਦੁਰਗਾ ਦੇ ਵੱਖ-ਵੱਖ ਰੂਪਾਂ ਅੱਗੇ ਮੱਥਾ ਟੇਕ ਰਹੇ ਨੇ। ਅੱਜ ਪਹਿਲੇ ਨਰਾਤੇ ਤੇ ਮਾਂ ਦੁਰਗਾ ਦੇ ਸ਼ੈਲਪੁਤਰੀ ਸਰੂਪ ਦੀ ਪੂਜਾ ਆਰਚਨਾ ਕੀਤੀ ਜਾ ਰਹੀ ਏ। ਸਵੇਰੇ ਤੋਂ ਹੀ ਮੰਦਰਾਂ ਵਿੱਚ ਹਵਨ ਯੱਗ ਅਤੇ ਧਾਰਮਿਕ ਪ੍ਰੋਗਰਾਮ ਚੱਲ ਰਹੇ ਨੇ। ਇਸ ਨਾਲ ਵਾਤਾਵਰਣ ਪੂਰੀ ਤਰ੍ਹਾਂ ਨਾਲ ਭਕਤੀ ਵਾਲਾ ਬਣਿਆ ਹੋਇਆ ਏ। ਸ਼੍ਰੀ ਦੇਵੀ ਤਾਲਾਬ ਮੰਦਿਰ ਸਮੇਤ ਹੋਰਨਾਂ ਅਨੇਕਾਂ ਮੰਦਿਰਾਂ ਨੂੰ ਰੰਗ ਬਿਰੰਗੇ ਦਿਲ ਖਿੱਚਵੇਂ ਫੁੱਲਾਂ ਨਾਲ ਸਜਾਇਆ ਗਿਆ ਏ ਜਦਕਿ ਰਾਤ ਵੇਲੇ ਵੀ ਖਾਸ ਤੌਰ ਤੇ ਰੰਗ ਬਿਰੰਗੀ ਰੌਸ਼ਨੀ ਦਾ ਪ੍ਰਬੰਧ ਕੀਤਾ ਗਿਆ ਏ। ਨਰਾਤਿਆਂ ਦੇ ਨੌ

*<u>ਦਿਨ ਦੌਰਾਨ ਮਾਂ ਦੁਰਗਾ ਦੇ ਵੱਖ ਵੱਖ ਸਰੂਪਾਂ ਦੀ ਪੂਜਾ ਅਰਚਨਾ ਦੇ ਨਾਲ ਨਾਲ ਮਾਂ ਦੀ ਮਹਿਮਾ ਦਾ ਗੁਣਗਾਣ ਕੀਤਾ ਜਾਂਦਾ ਏ। ਕਈ ਲੋਕਾਂ ਨੇ ਨਰਾਤਿਆਂ ਦੇ ਸ਼ੁਭ ਮੌਕੇ ਤੇ ਵਰਤ ਵੀ ਰੱਖੇ ਹੋਏ ਨੇ ਅਤੇ ਘਰਾਂ ਵਿਚ ਅਖੰਡ ਜੋਤ ਜਗਾਈ ਏ । ਅੱਠਵੇਂ ਜਾਂ ਨੌਵੇਂ ਨਰਾਤੇ ਵਾਲੇ ਦਿਨ ਛੋਟੀਆਂ ਛੋਟੀਆਂ ਕੁੜੀਆਂ ਯਾਨਿ ਕੰਜਕਾਂ ਦੀ ਪੂਜਾ ਕਰਨ ਮਗਰੋਂ ਲੋਕ ਆਪਣੇ ਇਹ ਵਰਤ ਖੋਲਦੇ ਨੇ। ਅੱਜ ਤੋਂ ਹੀ ਨਵੇਂ ਵਿਕ੍ਰਮੀ ਸੰਵਤ 2081 ਦੀ ਸ਼ੁਰੂਆਤ ਵੀ ਹੋਈ ਏ। ਇਸ ਮੌਕੇ ਨੂੰ ਯਾਦਗਾਰ ਬਣਾਉਣ ਲਈ ਵੱਖ ਵੱਖ ਧਾਰਮਿਕ ਤੇ ਸਮਾਜਕ ਜੱਥੇਬੰਦੀਆਂ ਵਲੋਂ ਕਈ ਧਾਰਮਿਕ ਸਮਾਗਮ ਆਯੋਜਿਤ ਕੀਤੇ ਗਏ ਅਤੇ ਲੰਗਰ ਲਗਾਏ ਗਏ। ਸ਼ਿਸ਼ੂ ਸ਼ਰਮਾ ਸ਼ਾਂਤਲ, ਆਕਾਸ਼ਵਾਣੀ ਸਮਾਚਾਰ, ਜਲੰਧਰ</u>*

------------------------------------------------------------

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਲੋਕਾਂ ਨੂੰ ਨਵ ਸੰਵਤਸਰ ਦੀਆਂ ਵਧਾਈਆਂ ਦਿੱਤੀਆਂ ਨੇ। ਇੱਕ ਸੋਸ਼ਲ ਮੀਡੀਆ ਪੋਸਟ ਵਿੱਚ ਉਨਾਂ ਨਵੇਂ ਸਾਲ ਵਿਚ ਖੁਸ਼ੀਆਂ ਅਤੇ ਚੰਗੀ ਸਿਹਤ ਦੀ ਕਾਮਨਾ ਕੀਤੀ। ਪ੍ਰਧਾਨ

ਮੰਤਰੀ ਨੇ ਗੁੜ੍ਹੀ ਪੜ੍ਹਵਾ, ਚੇਤੀ ਚੰਦ, ਨਵਰੇਹ, ਉਗਾਦੀ, ਸਾਜੀਬੂ ਚੀਰੋਬਾ ਦੇ ਮੌਕੇ 'ਤੇ ਸਾਰਿਆਂ ਨੂੰ ਸ਼ੁਭਕਾਮਨਾਵਾਂ ਦਿੱਤੀਆਂ। ਲੋਕਾਂ ਨੂੰ ਨਵਰਾਤਰਿਆਂ 'ਤੇ ਸ਼ੁਭਕਾਮਨਾਵਾਂ ਦਿੰਦੇ ਹੋਏ ਉਨਾਂ ਆਸ ਪ੍ਰਗਟਾਈ ਕਿ ਸ਼ਕਤੀ ਦੀ ਉਪਾਸਨਾ ਦਾ ਪਵਿੱਤਰ ਤਿਉਹਾਰ ਸਾਰਿਆਂ ਲਈ ਖੁਸ਼ਹਾਲੀ, ਚੰਗੀ ਕਿਸਮਤ ਅਤੇ ਚੰਗੀ ਸਿਹਤ ਲੈ ਕੇ ਆਵੇਗਾ।

-----------------------------------------------------

ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਦੀ ਸਿਹਤ ਵਿਗੜ ਗਈ ਏ । ਪਿਛਲੇ ਕਈ ਦਿਨਾਂ ਤੋਂ ਵੱਧ ਰਹੀ ਗਰਮੀ ਦੇ ਵਿਚਕਾਰ ਸੁਖਬੀਰ ਬਾਦਲ ਪੰਜਾਬ ਬਚਾਓ ਯਾਤਰਾ ਅਤੇ ਲੋਕਾਂ ਨੂੰ ਮਿਲਣ 'ਚ ਰੁੱਝੇ ਹੋਏ ਸਨ । ਜਿਸ ਤੋਂ ਬਾਅਦ ਅੱਜ ਉਨ੍ਹਾਂ ਦੀ ਸਿਹਤ ਵਿਗੜ ਗਈ । ਇਹ ਯਾਤਰਾ ਅੱਜ ਲੁਧਿਆਣਾ ਦੇ ਪਾਇਲ ਤੋਂ ਰਵਾਨਾ ਹੋਣੀ ਸੀ। ਹੁਣ ਇਸ ਯਾਤਰਾ ਦੀ ਅਗਵਾਈ ਬਿਕਰਮ ਮਜੀਠੀਆ ਕਰਨ ਜਾ ਰਹੇ ਨੇ। ਅਕਾਲੀ ਦਲ ਦੇ ਇੱਕ ਸੀਨੀਅਰ ਆਗੂ ਨੇ ਦੱਸਿਆ ਕਿ ਸੁਖਬੀਰ ਸਿੰਘ ਬਾਦਲ ਡਾਇਰੀਆ ਤੋਂ ਪੀੜਤ ਨੇ। ਜਿਸ ਤੋਂ ਬਾਅਦ ਉਨਾਂ ਲਈ, ਯਾਤਰਾ 'ਚ ਹਿੱਸਾ ਲੈਣਾ ਮੁਸ਼ਕਿਲ ਹੋ ਗਿਆ ਏ।

-----------------------------------------------------------

ਬਹੁ-ਕਰੋੜੀ ਨੇਚਰ ਹਾਈਟਸ ਇਨਫਰਾ ਸਕੈਮ ’ਚ ਵੱਡੀ ਸਫਲਤਾ ਦਰਜ ਕਰਦੇ ਹੋਏ, ਫ਼ਰੀਦਕੋਟ ਅਤੇ ਫਾਜ਼ਿਲਕਾ ਪੁਲੀਸ ਦੀਆਂ ਸਾਂਝੀਆਂ ਟੀਮਾਂ ਨੇ ਮੁੱਖ ਦੋਸ਼ੀ ਨੀਰਜ ਥਠਾਈ ਉਰਫ ਨੀਰਜ ਅਰੋੜਾ ਨੂੰ ਗ੍ਰਿਫਤਾਰ ਕੀਤਾ ਏ ਜਿਹੜਾ ਕਿ ਪਿਛਲੇ 8-9 ਸਾਲਾਂ ਤੋਂ ਫਰਾਰ ਅਤੇ ਭਗੌੜਾ ਸੀ। ਫਰੀਦਕੋਟ ਰੇਂਜ ਦੇ ਆਈ.ਜੀ. ਗੁਰਸ਼ਰਨ ਸਿੰਘ ਸੰਧੂ ਅਤੇ ਫਿਰੋਜ਼ਪੁਰ ਰੇਂਜ ਦੇ ਡੀ.ਆਈ.ਜੀ ਰਣਜੀਤ ਸਿੰਘ ਢਿੱਲੋਂ ਨੇ ਫਾਜ਼ਿਲਕਾ ਵਿਖੇ ਅੱਜ ਇਕ ਸਾਂਝੀ ਪ੍ਰੈਸ ਕਾਨਫਰੰਸ ਦੌਰਾਨ ਦੱਸਿਆ ਉਸ ਨੂੰ ਉੱਤਰਾਖੰਡ ਦੇ ਜ਼ਿਲ੍ਹਾ ਪਾਉਡੀ ਤੋਂ ਗ੍ਰਿਫਤਾਰ ਕੀਤਾ ਗਿਆ ਏ। ਉਕਤ ਮੁਲਜ਼ਮ ਭੋਲੇ ਲੋਕਾਂ ਨੂੰ ਰਿਹਾਇਸ਼ੀ, ਵਪਾਰਕ ਪਲਾਟ ਦੇਣ ਦਾ ਝਾਂਸਾ ਦੇ ਕੇ ਵੱਡੀ ਰਕਮ ਠਗਦਾ ਸੀ। ਇਹ ਕਾਰਵਾਈ ਫਾਜ਼ਿਲਕਾ ਦੇ ਅਮਨਦੀਪ ਕੰਬੋਜ ਉਰਫ਼ ਅਮਨ ਸਕੋਡਾ ਦੀ ਗ੍ਰਿਫ਼ਤਾਰੀ ਤੋਂ ਬਾਅਦ ਅਮਲ ਵਿੱਚ ਲਿਆਂਦੀ ਗਈ ਏ, ਜਿਹੜਾ ਕਿ 8 ਮਾਮਲਿਆਂ ਵਿੱਚ ਭਗੋੜਾ ਅਤੇ 18 ਮਾਮਲਿਆਂ ਵਿੱਚ ਬੇਲ ਜੰਪਰ ਸੀ। ਉਸ ਨੂੰ ਬੀਤੇ 15 ਮਾਰਚ

ਨੂੰ ਫਾਜ਼ਿਲਕਾ ਪੁਲਿਸ ਦੇ ਪੀ.ਓ. ਸਟਾਫ਼ ਨੇ ਵਾਰਾਣਸੀ ਤੋਂ ਗ੍ਰਿਫ਼ਤਾਰ ਕੀਤਾ ਸੀ।

---------------------------------------------------------------

ਮੋਹਾਲੀ ਦੇ ਨਿਊ ਚੰਡੀਗੜ੍ਹ ਵਿਖੇ ਪੰਜਾਬ ਕ੍ਰਿਕਟ ਐਸੋਸੀਏਸ਼ਨ ਗਰਾਉਂਡ ਵਿਚ, ਆਈ ਪੀ ਐਲ ਦਾ ਇਕ ਮੈਚ ਪੰਜਾਬ ਕਿੰਗਜ਼ ਇਲੈਵਨ ਅਤੇ ਸਨ ਰਾਇਜਰਸ ਹੈਦਰਾਬਾਦ ਵਿਚਾਲੇ ਅੱਜ ਸ਼ਾਮ ਖੇਡਿਆ ਜਾਵੇਗਾ। ਇਹ ਮੈਚ ਸਾਢੇ 7 ਵਜੇ ਤੋਂ ਸ਼ੁਰੂ ਹੋਵੇਗਾ। ਇਸ ਮੈਚ ਦੇ ਕਾਫੀ ਰੋਮਾਂਚਕ ਹੋਣ ਦੀ ਸੰਭਾਵਨਾ ਏ। ਦੋਵਾਂ ਟੀਮਾਂ ਦੇ ਖਿਡਾਰੀਆਂ ਨੇ ਗਰਾਉਂਡ ਵਿਚ ਖ਼ੂਬ ਪ੍ਰੈਕਟਿਸ ਕੀਤੀ। ਇਸ ਗਰਾਉਂਡ ਤੇ ਕੌਮਾਂਤਰੀ ਪੱਧਰ ਦਾ ਇਹ ਦੂਜਾ ਮੈਚ ਹੋਵੇਗਾ। ਇਸ ਤੋਂ ਪਹਿਲਾਂ ਬੀਤੇ 23 ਮਾਰਚ ਨੂੰ ਆਈ. ਪੀ. ਐਲ. ਦਾ ਇਕ ਮੁਕਾਬਲਾ ਇਸ ਗਰਾਉਂਡ ਤੇ ਖੇਡਿਆ ਗਿਆ ਸੀ। ਪੁਲਿਸ ਨੇ ਇਸ ਮੈਚ ਨੂੰ ਲੈ ਕੇ ਸੁਰੱਖਿਆ ਦੇ ਸਖਤ ਇੰਤਜਾਮ ਕੀਤੇ ਨੇ ਅਤੇ ਵਾਧੂ ਗਿਣਤੀ ਵਿਚ ਪੁਲਿਸ ਜਵਾਨਾਂ ਤੇ ਅਧਿਕਾਰੀਆਂ ਨੂੰ ਤਾਇਨਾਤ ਕੀਤਾ ਗਿਆ ਏ।

---------------------------------------------------------------------

ਗੁਲਾਬੀ ਸੁੰਡੀ ਦੀ ਰੋਕਥਾਮ ਲਈ ਵੜੇਵਿੰਆਂ ਅਤੇ ਛਿੱਟੀਆਂ ਨਾਲ ਬਚੇ ਅਣਖਿੜੇ ਟੀਂਡਿਆਂ ਦਾ ਪ੍ਰਬੰਧ ਕਰਨਾ ਬਹੁਤ ਜ਼ਰੂਰੀ ਏ। ਸ੍ਰੀ ਮੁਕਤਸਰ ਸਾਹਿਬ ਜ਼ਿਲੇ ਦੇ ਡਿਪਟੀ ਡਾਇਰੈਕਟਰ ਕਪਾਹ  ਕਮ ਨੋਡਲ ਅਫਸਰ ਡਾ. ਧਰਮ ਪਾਲ ਮੌਰੀਆ ਨੇ ਖੇਤੀਬਾੜੀ ਤੇ ਕਿਸਾਨ ਭਲਾਈ ਵਿਭਾਗ ਵਲੋਂ ਜਿਲ੍ਹਾ ਫਰੀਦਕੋਟ ਵਿੱਚ ਗੁਲਾਬੀ ਸੁੰਡੀ ਦੀ ਰੋਕਥਾਮ ਲਈ ਚਲਾਈ ਜਾ ਰਹੀ ਮੁਹਿੰਮ ਤਹਿਤ  ਕੀਤੇ ਜਾ ਰਹੇ ਅਗਾਂਹੁ ਪ੍ਰਬੰਧਾਂ ਦਾ ਜਾਇਜ਼ਾ ਲੈਂਦਿਆਂ ਖੇਤੀਬਾੜੀ ਅਧਿਕਾਰੀਆਂ ਨੂੰ ਸੰਬੋਧਨ ਕਰਦਿਆਂ ਇਹ ਗੱਲ ਆਖੀ। ਉਨਾਂ ਦੱਸਿਆ ਕਿ ਨਰਮੇ ਤੇ ਗੁਲਾਬੀ ਸੁੰਡੀ ਦੀ ਸ਼ੁਰੂਆਤ ਕਾਟਨ ਜਿੰਨਿੰਗ ਮਿਲਾਂ, ਕਪਾਹ ਦੀਆਂ ਛਿੱਟੀਆਂ ਵਿੱਚ ਬਚੀ ਰਹਿੰਦ-ਖੂਹੰਦ ਜਿਵੇਂ ਵੜੇਵਿੰਆਂ, ਪੁਰਾਣੇ ਟਿੰਡਿਆ ਵਿੱਚ ਪਏ ਗੁਲਾਬੀ ਸੁੰਡੀ ਦੇ ਕੋਆ ਵਿੱਚੋਂ ਪਤੰਗਾ ਨਿਕਲਣ ਨਾਲ ਹੁੰਦੀ ਏ। ਇਸ ਮੌਕੇ ਹੋਰਨਾਂ ਤੋਂ ਇਲਾਵਾ ਮੁੱਖ ਖੇਤੀਬਾੜੀ ਅਫਸਰ ਡਾ. ਅਮਰੀਕ ਸਿੰਘ ਅਤੇ ਜ਼ਿਲਾ ਸਿਖਲਾਈ ਅਫਸਰ ਡਾ. ਕੁਲਵੰਤ ਸਿੰਘ ਸਮੇਤ ਸਮੂਹ ਅਧਿਕਾਰੀ ਹਾਜ਼ਰ ਸਨ। ਇਸ ਤੋਂ ਪਹਿਲਾਂ ਉਨਾਂ ਏ ਬੀ ਕਾਟਨ ਸਪਿੰਨਿੰਗ ਮਿਲ

ਜੈਤੋਂ ਦਾ ਦੌਰਾ ਕਰਕੇ ਮਿੱਲ ਪ੍ਰਬੰਧਕਾਂ ਨੂੰ ਵੜੇਵਿੰਆਂ ਦੇ ਸਟਾਕ ਦੀ ਫਿਊਮੀਗੇਸ਼ਨ ਕਰਨ ਲਈ ਆਖਿਆ।

---------------------------------------------------------

## <u>ਅਖੀਰ ਵਿਚ ਖ਼ਾਸ ਖਬਰਾਂ ਇਕ ਵਾਰ ਫੇਰ ਤੋਂ</u>

- ਚੋਣ ਕਮਿਸ਼ਨ ਨੇ ਕਿਹਾ ਏ, ਕਿ 13 ਸੂਬਿਆਂ ਤੇ ਕੇਂਦਰ ਸ਼ਾਸਿਤ ਪ੍ਰਦੇਸ਼ਾਂ ਵਿੱਚ, ਲੋਕ ਸਭਾ ਚੋਣਾਂ ਦੇ ਦੂਜੇ ਪੜਾਅ ਲਈ, ਇੱਕ ਹਜ਼ਾਰ 210 ਉਮੀਦਵਾਰ ਮੈਦਾਨ ਵਿੱਚ ਨੇ।
- ਆਦਰਸ਼ ਚੋਣ ਜ਼ਾਬਤੇ ਦੀ ਉਲੰਘਣਾ ਦੇ ਮਾਮਲੇ ਵਿੱਚ, ਸਖ਼ਤ ਕਾਰਵਾਈ ਕਰਦਿਆਂ ਪਟਿਆਲਾ ਪੁਲਿਸ ਨੇ 2 ਸਿਨੇਮਾ ਘਰਾਂ ਦੇ ਮਾਲਕਾਂ ਤੇ ਪ੍ਰਬੰਧਕਾਂ ਖ਼ਿਲਾਫ਼ ਮਾਮਲਾ ਦਰਜ ਕੀਤਾ।
- ਚੇਤ ਦੇ ਨਰਾਤਿਆਂ ਮੌਕੇ, ਮੰਦਰਾਂ ਵਿਚ ਤੜਕਸਾਰ ਤੋਂ ਹੀ ਲੱਗੀਆਂ ਰਹੀਆਂ ਸ਼ਰਧਾਲੂਆਂ ਦੀਆਂ ਕਤਾਰਾਂ, ਨਵ ਸੰਵਤ ਸ਼ੁਰੂ ਹੋਣ ਤੇ ਕਈ ਸਮਾਜਿਕ ਜਥੇਬੰਦੀਆਂ ਨੇ ਕਰਵਾਏ ਧਾਰਮਿਕ ਸਮਾਗਮ।